# ਨਸ਼ੀਲੇ ਪਾਊਡਰ ਸਮੇਤ ਮੋਟਰਸਾਈਕਲ ਸਵਾਰ ਕਾਬੂ

ਨੂਰਪੁਰ ਬੇਦੀ, 3 ਜਨਵਰੀ (ਰਾਜੇਸ਼ ਚੌਧਰੀ)-ਸਥਾਨਕ ਪੁਲਸ ਨੇ ਇਕ



ਨਸ਼ੀਲੇ ਪਾਊਡਰ ਸ਼ਹਿਰ ਸਮੇਤ ਗ੍ਰਿਫਤਾਰ ਵਿਅਕਤੀ। ਤਸਵੀਰ : ਰਾਜੇਸ਼ ਚੌਧਰੀ

ਮੋਟਰਸਾਈਕਲ ਸਵਾਰ ਵਿਅਕਤੀ ਨੂੰ ਚਿੱਟੇ ਨਸ਼ੀਲੇ ਪਾਊਡਰ ਸਹਿਤ ਗ੍ਰਿਫ਼ਤਾਰ ਕੀਤਾ ਹੈ। ਪੁਲਿਸ ਵਲੋਂ ਦਰਜ ਕੀਤੇ ਮਾਮਲੇ ਅਨੁਸਾਰ ਜਦੋਂ ਏ. ਐੱਸ. ਆਈ. ਰਾਮ ਕੁਮਾਰ ਸਮੇਤ ਪੁਲੀਸ ਪਾਰਟੀ ਟੀ-ਪੁਆਇੰਟ ਨੂਰਪੁਰ ਬੇਦੀ ਵਿਖੇ ਗਸ਼ਤ ਦੌਰਾਨ ਮੌਜੂਦ ਸਨ ਤਾਂ ਮੁਖ਼ਬਰ ਨੇ ਇਤਲਾਹ ਭੱਦੀ ਤੋਂ ਨੂਰਪੁਰ ਬੇਦੀ ਦੀ ਤਰਫ਼ ਮੋਟਰਸਾਈਕਲ 'ਤੇ ਆ ਰਹੇ ਇਕ ਵਿਅਕਤੀ ਦੀ ਸ਼ੱਕ ਦੇ ਆਧਾਰ 'ਤੇ ਤਲਾਸ਼ੀ ਲੈਣ 'ਤੇ ਉਸ ਕੋਲੋਂ 20 ਗ੍ਰਾਮ ਨਸ਼ੀਲਾ ਪਾਊਡਰ ਬਰਾਮਦ ਹੋਇਆ, ਜਿਸ ਦੀ ਪਛਾਣ ਰਮਨ ਕੁਮਾਰ ਪੁੱਤਰ ਸੁਰਿੰਦਰ ਕੁਮਾਰ ਨਿਵਾਸੀ ਲਾਲਪੁਰ ਵਜੋਂ ਹੋਈ ਹੈ। ਸਬ-ਇੰਸਪੈਕਟਰ ਰਾਕੇਸ਼ਵਿੰਦਰ ਸਿੰਘ ਨੇ ਦੱਸਿਆ ਕਿ ਦੋਸ਼ੀ ਨੂੰ ਗ੍ਰਿਫ਼ਤਾਰ ਕਰ ਕੇ ਉਸ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਹੈ।

ਅਜੀਤ ®©
04-Jan-2022
Page: 6
http://epaper.ajitjalandhar.com/edition/20220104/10/6.cr